pstcl
PUNJAB STATE TRANSMISSION CORPORATION LIMITED

ਪੰਜਾਬ ਸਟੇਟ ਟਰਾਂਸਮਿਸ਼ਨ ਕਾਰਪੋਰੇਸ਼ਨ ਲਿਮਟਿਡ
(ਪੰਜਾਬ ਸਰਕਾਰ ਦਾ ਅਦਾਰਾ)
(ਰਜਿ: ਦਫਤਰ: ਪੀ.ਐਸ.ਈ.ਬੀ. ਹੈਡ ਆਫਿਸ, ਦੀ ਮਾਲ, ਪਟਿਆਲਾ-147001, ਪੰਜਾਬ, ਇੰਡੀਆ)
ਕਾਰਪੋਰੇਟ ਸ਼ਨਾਖਤੀ ਨੰਬਰ : U40109PB2010SGC033814
(ਦਫ: ਉੱਪ ਮੁੱਖ ਇੰਜੀਨੀਅਰ/ਐਸ ਤੇ ਡੀ, ਜਨਰਲ ਭਾਗ, ਸ਼ਕਤੀ ਸਦਨ, ਪਟਿਆਲਾ)
(ਟੈਲੀਫੂਨ ਨੰ: 0175-2200477 Email id:-dy-secy-g@pstcl.org)

ਵੱਲ

1) ਪ੍ਰਮੁੱਖ ਇੰਜੀ:/ਐਚ.ਆਈ.ਐਸ.ਐਂਡ.ਡੀ, ਪੀ.ਐਸ.ਟੀ.ਸੀ.ਐਲ, ਪਟਿਆਲਾ।
2) ਮੁੱਖ ਇੰਜੀ:/ਟੀ.ਐਸ.,ਪੀ.ਐਸ.ਟੀ.ਸੀ.ਐਲ, ਪਟਿਆਲਾ।
3) ਮੁੱਖ ਇੰਜੀ:/ਐਸ.ਐਲ.ਡੀ.ਸੀ., ਪੀ.ਐਸ.ਟੀ.ਸੀ.ਐਲ, ਅਬਲੋਵਾਲ, ਪਟਿਆਲਾ।
4) ਮੁੱਖ ਇੰਜੀ:/ਪੀ ਤੇ ਐਮ, ਪੀ.ਐਸ.ਟੀ.ਸੀ.ਐਲ, ਲੁਧਿਆਣਾ।
5) ਮੁੱਖ ਵਿੱਤ ਅਫਸਰ / ਪੀ.ਐਸ.ਟੀ.ਸੀ.ਐਲ, ਪਟਿਆਲਾ।
6) ਮੁੱਖ ਲੇਖਾ ਅਫਸਰ (ਵਿੱਤ ਤੇ ਆਡਿਟ), ਪੀ.ਐਸ.ਟੀ.ਸੀ.ਐਲ, ਪਟਿਆਲਾ।
7) ਸਾਰੇ ਉੱਪ ਮੁੱਖ ਇੰਜੀ./ਨਿਗ.ਇੰਜੀਨੀਅਰ, ਪੀ.ਐਸ.ਟੀ.ਸੀ.ਐਲ।
8) ਕੰਪਨੀ ਸੈਕਟਰੀ, ਪੀ.ਐਸ.ਟੀ.ਸੀ.ਐਲ, ਪਟਿਆਲਾ।

ਮੀਮੋ ਨੰ. 24042/49। ਮਿਤੀ : 09/12/22

**ਵਿਸ਼ਾ:-** **ਸਮੁੱਚੇ ਪੰਜਾਬ ਰਾਜ ਵਿੱਚ ਪੰਜਾਬੀ ਭਾਸ਼ਾ (ਗੁਰਮੁੱਖੀ ਲਿੱਪੀ) ਨੂੰ ਵਧੇਰੇ ਮਹੱਤਤਾ ਦੇਣ ਸਬੰਧੀ।**

ਉਪਰੋਕਤ ਵਿਸ਼ੇ ਦੇ ਸਬੰਧ ਵਿੱਚ ਪ੍ਰਮੁੱਖ ਸਕੱਤਰ, ਉਚੇਰੀ ਸਿੱਖਿਆ ਤੇ ਭਾਸਾ ਵਿਭਾਗ, ਪੰਜਾਬ ਸਰਕਾਰ, ਚੰਡੀਗੜ੍ਹ ਦਾ ਪੱਤਰ ਨੰ. 6/41/19-2 ਸਿੱ.ਸੈੱਲ 857 ਮਿਤੀ 05.12.2022 ਦੀ ਕਾਪੀ ਆਪ ਜੀ ਦੇ ਦਫਤਰ ਨੂੰ ਭੇਜਦੇ ਹੋਏ ਲਿਖਿਆ ਜਾਂਦਾ ਹੈ ਕਿ ਪੱਤਰ ਵਿੱਚ ਦਰਜ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕਰਨ ਉਪਰੰਤ ਇਸ ਦਫਤਰ ਨੂੰ ਸੂਚਿਤ ਕੀਤਾ ਜਾਵੇ।

ਇਹ ਸਮਰੱਥ ਅਧਿਕਾਰੀ ਦੀ ਪ੍ਰਵਾਨਗੀ ਨਾਲ ਜਾਰੀ ਕੀਤਾ ਜਾਂਦਾ ਹੈ।

**ਨੱਥੀ/- ਉਪਰੋਕਤ ਅਨੁਸਾਰ**

ਉੱਪ ਸਕੱਤਰ/ਜਨਰਲ,
ਪੀ.ਐਸ.ਟੀ.ਸੀ.ਐਲ, ਪਟਿਆਲਾ।

ਪਿੱਠ ਅੰਕਣ ਨੰ. 24050/53 ਮਿਤੀ: 09/12/22

ਉਪਰੋਕਤ ਦਾ ਉਤਾਰਾ ਹੇਠ ਲਿਖੇ ਦਫਤਰਾਂ ਨੂੰ ਸੂਚਨਾ ਹਿੱਤ ਭੇਜਿਆ ਜਾਂਦਾ ਹੈ ਜੀ:-

1) ਸੀਨੀ.ਪੀ.ਐਸ.-ਟੂ- ਸੀ.ਐਮ.ਡੀ.,ਪੀ.ਐਸ.ਟੀ.ਸੀ.ਐਲ, ਪਟਿਆਲਾ।
2) ਸੀਨੀ.ਪੀ.ਐਸ.ਟੂ ਡਾਇਰੈਕਟਰ/ਵਿੱਤ ਤੇ ਵਣਜ, ਪੀ.ਐਸ.ਟੀ.ਸੀ.ਐਲ, ਪਟਿਆਲਾ।
3) ਪੀ.ਏ. ਟੂ ਡਾਇਰੈਕਟਰ/ਪ੍ਰਬੰਧਕੀ, ਪੀ.ਐਸ.ਟੀ.ਸੀ.ਐਲ, ਪਟਿਆਲਾ।
4) ਪੀ.ਏ. ਟੂ ਡਾਇਰੈਕਟਰ/ਤਕਨੀਕੀ, ਪੀ.ਐਸ.ਟੀ.ਸੀ.ਐਲ, ਪਟਿਆਲਾ।

ਉੱਪ ਸਕੱਤਰ/ਜਨਰਲ,
ਪੀ.ਐਸ.ਟੀ.ਸੀ.ਐਲ, ਪਟਿਆਲਾ।

Scanned with CamScanner

ਪੰਜਾਬ ਸਰਕਾਰ

ਉਚੇਰੀ ਸਿੱਖਿਆ ਤੇ ਭਾਸ਼ਾ ਵਿਭਾਗ

(ਸਿੱਖਿਆ ਸੈੱਲ)

**<u>ਹੁਕਮ</u>**

ਉਚੇਰੀ ਸਿੱਖਿਆ ਤੇ ਭਾਸ਼ਾ ਵਿਭਾਗ ਦੇ ਪੱਤਰ ਨੰ; 6/41/19-2ਸਿ.ਸੈਲ/413-423, ਮਿਤੀ 19-2-2020, ਮਿਤੀ 29.11.2021 ਅਤੇ ਮਿਤੀ 4.7.2022 ਰਾਹੀਂ ਜਾਰੀ ਕੀਤੀਆਂ ਗਈਆਂ ਹਦਾਇਤਾਂ ਨੂੰ ਮੁੜ ਦੁਹਰਾਉਂਦੇ ਹੋਏ ਲਿਖਿਆ ਜਾਂਦਾ ਹੈ ਕਿ ਸਮੁੱਚੇ ਪੰਜਾਬ ਰਾਜ ਵਿੱਚ ਪੰਜਾਬੀ ਭਾਸ਼ਾ (ਗੁਰਮੁਖੀ ਲਿੱਪੀ) ਨੂੰ ਵਧੇਰੇ ਮਹੱਤਤਾ ਦੇਣ ਲਈ ਸਮੂਹ ਸਰਕਾਰੀ, ਅਰਧ ਸਰਕਾਰੀ ਦਫ਼ਤਰਾਂ/ ਵਿਭਾਗਾਂ/ ਅਦਾਰਿਆਂ/ ਸੰਸਥਾਵਾਂ/ ਵਿਦਿਅਕ ਅਦਾਰਿਆਂ/ਬੋਰਡਾਂ/ਨਿਗਮਾਂ ਅਤੇ ਗੈਰ ਸਰਕਾਰੀ ਸੰਸਥਾਵਾਂ/ਪਬਲਿਕ ਅਤੇ ਪ੍ਰਾਈਵੇਟ ਦੁਕਾਨਾਂ ਅਤੇ ਵਪਾਰਿਕ ਅਦਾਰਿਆਂ ਆਦਿ ਦੇ ਨਾਮ ਅਤੇ ਸੜਕਾਂ ਦੇ ਨਾਮ/ਨਾਮ ਪੱਟੀਆਂ/ਮੀਲ ਪੱਥਰ/ਸਾਈਨ ਬੋਰਡ ਲਿਖਣ ਸਮੇਂ ਸਭ ਤੋਂ ਪਹਿਲਾਂ ਉਪਰਲੇ ਪਾਸੇ ਪੰਜਾਬੀ ਭਾਸ਼ਾ (ਗੁਰਮੁਖੀ ਲਿੱਪੀ) ਵਿਚ ਲਿਖੇ ਜਾਣ ਅਤੇ ਜੇਕਰ ਕਿਸੇ ਹੋਰ ਭਾਸ਼ਾ ਵਿਚ ਲਿਖਣਾ ਹੋਵੇ ਤਾਂ ਪੰਜਾਬੀ ਭਾਸ਼ਾ (ਗੁਰਮੁਖੀ ਲਿੱਪੀ) ਤੋਂ ਹੇਠਾਂ ਦੂਸਰੀ ਭਾਸ਼ਾ ਵਿਚ ਲਿਖਿਆ ਜਾਵੇ। ਇਸ ਸਬੰਧੀ ਨਮੂਨੇ ਦੀ ਕਾਪੀ ਨਾਲ ਨੱਥੀ ਕੀਤੀ ਜਾਂਦੀ ਹੈ।

2. ਮੁੜ ਅਪੀਲ ਕੀਤੀ ਜਾਂਦੀ ਹੈ ਕਿ ਇਨ੍ਹਾਂ ਹੁਕਮਾਂ ਦੀ ਪਾਲਣਾ ਕਰਦੇ ਹੋਏ ਮਿਤੀ 21 ਫਰਵਰੀ 2023 ਤੋਂ ਪਹਿਲਾਂ ਪਹਿਲਾਂ ਸਮੂਹ ਨਾਮ ਪੱਟੀਆਂ/ਸਾਈਨਬੋਰਡ ਪੰਜਾਬੀ ਭਾਸ਼ਾ ਵਿਚ ਲਿਖੇ ਜਾਣੇ ਯਕੀਨੀ ਬਣਾਏ ਜਾਣ ਅਤੇ ਰਿਪੋਰਟ ਇਸ ਵਿਭਾਗ ਨੂੰ ਭੇਜੀ ਜਾਵੇ। ਇਨ੍ਹਾ ਹੁਕਮਾਂ ਦੀ ਪਾਲਣਾ ਨਾ ਕਰਨ ਦੀ ਸੂਰਤ ਵਿਚ ਪੰਜਾਬ ਰਾਜ ਭਾਸ਼ਾ (ਤਰਮੀਮ) ਐਕਟ 2008 ਅਤੇ 2021 ਵਿਚ ਦਰਜ ਉਪਬੰਧਾਂ ਅਨੁਸਾਰ ਜੁਰਮਾਨਾ ਲਗਾਉਣ ਸੰਬਧੀ ਕਾਰਵਾਈ ਕੀਤੀ ਜਾਵੇਗੀ।

ਮਿਤੀ,ਚੰਡੀਗੜ੍ਹ:
05.12.2022

ਜਸਪ੍ਰੀਤ ਤਲਵਾੜ, ਆਈ.ਏ.ਐਸ.,
ਪ੍ਰਮੁੱਖ ਸਕੱਤਰ, ਪੰਜਾਬ ਸਰਕਾਰ,
ਉਚੇਰੀ ਸਿੱਖਿਆ ਤੇ ਭਾਸ਼ਾ ਵਿਭਾਗ

ਪਿੰ:ਅੰ:ਨੰ;6/41/19-2ਸਿ.ਸੈਲ/ 857 ਮਿਤੀ.ਚੰਡੀਗੜ੍ਹ: 5/12/2022

ਉਤਾਰਾ ਹੇਠ ਲਿਖਿਆਂ ਨੂੰ ਭੇਜਦੇ ਹੋਏ ਬੇਨਤੀ ਕੀਤੀ ਜਾਂਦੀ ਹੈ ਕਿ ਇਨ੍ਹਾਂ ਹੁਕਮਾਂ ਦੀ ਦੀ ਇੰਨ-ਬਿਨ ਪਾਲਣਾ ਕਰਨ ਹਿੱਤ ਯੋਗ ਕਦਮ ਚੁੱਕਣ ਦੀ ਕ੍ਰਿਪਾਲਤਾ ਕਰਨ:-

1) ਸਕੱਤਰ/ਮੁੱਖ ਸਕੱਤਰ ਪੰਜਾਬ।
2) ਸਮੂਹ ਵਿਸ਼ੇਸ਼ ਮੁੱਖ ਸਕੱਤਰ/ਵਧੀਕ ਮੁੱਖ ਸਕੱਤਰ/ਵਿੱਤੀ ਕਮਿਸ਼ਨਰ/ਪ੍ਰਮੁੱਖ ਸਕੱਤਰ ਅਤੇ ਪ੍ਰਬੰਧਕੀ ਸਕੱਤਰ।
3) ਸਕੱਤਰ, ਪੰਜਾਬ ਵਿਧਾਨ ਸਭਾ ਸਕੱਤਰੇਤ।
4) ਪੰਜਾਬ ਰਾਜ ਦੇ ਸਮੂਹ ਵਿਭਾਗਾਂ ਦੇ ਮੁੱਖੀ।
5) ਸਮੂਹ ਡਵੀਜਨਾਂ ਦੇ ਕਮਿਸ਼ਨਰ।
6) ਰਜਿਸਟਰਾਰ, ਪੰਜਾਬ ਅਤੇ ਹਰਿਆਣਾ ਹਾਈਕੋਰਟ।
7) ਪੰਜਾਬ ਰਾਜ ਦੇ ਸਮੂਹ ਜ਼ਿਲ੍ਹਾ ਅਤੇ ਸੈਸ਼ਨ ਜੱਜ।
8) ਪੰਜਾਬ ਰਾਜ ਦੇ ਸਮੂਹ ਡਿਪਟੀ ਕਮਿਸ਼ਨਰ ਅਤੇ ਸਮੂਹ ਉਪ ਮੰਡਲ ਮੈਜਿਸਟ੍ਰੇਟ।
9) ਸਮੂਹ ਬੋਰਡਾਂ/ਕਾਰਪੋਰੇਸ਼ਨਾਂ ਦੇ ਚੇਅਰਮੈਨ।
10) ਸਮੂਹ ਨਗਰ ਨਿਗਮ ਅਤੇ ਨਗਰ ਪਾਲਿਕਾ ਦੇ ਕਮਿਸ਼ਨਰ ਅਤੇ ਕਾਰਜ ਸਾਧਕ ਅਫ਼ਸਰ।
11) ਡਾਇਰੈਕਟਰ ਭਾਸ਼ਾ ਵਿਭਾਗ ਪੰਜਾਬ।

ਅਧੀਨ ਸਕੱਤਰ, ਪੰਜਾਬ ਸਰਕਾਰ
ਉਚੇਰੀ ਸਿਖਿਆ ਤੇ ਭਾਸ਼ਾ ਵਿਭਾਗ

ਅੰਦਰੂਨੀ ਵੰਡ:-

1) ਸਕੱਤਰ/ਉ.ਸਿ.ਮੰਤਰੀ
2) ਨਿਜੀ ਸਕੱਤਰ/ਪ੍ਰ.ਸ.ਉ.ਸਿ.
3) ਨਿਜੀ ਸਹਾਇਕ/ਵਿ.ਸ.ਉ.ਸਿ.
4) ਨਿ.ਸਹਾਇਕ/ਅ.ਸ.ਉ.ਸਿ.

Scanned with CamScanner

# ਨਮੂਨਾ

ਕੇਵਲ ਪੰਜਾਬੀ ਭਾਸ਼ਾ (ਗੁਰਮੁਖੀ ਲਿੱਪੀ ਵਿੱਚ)

ਹੋਰਨਾਂ ਭਾਸ਼ਾਵਾਂ ਵਿੱਚ

Scanned with CamScanner